


ਅਜੀਤ, ਚੰਡੀਗੜ੍ਹ

# ਫ਼ਤਹਿਗੜ੍ਹ ਸਾਹਿਬ ਅਜੀਤ

7

ਮੰਗਲਵਾਰ, 4 ਜਨਵਰੀ 2022





ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਬੱਚਤ ਭਵਨ ਵਿਖੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ। ਅਜੀਤ ਤਸਵੀਰ

## ਕੋਰੋਨਾ ਦੇ ਖ਼ਾਤਮੇ ਲਈ ਜ਼ਿਲ੍ਹੇ 'ਚ 100 ਫ਼ੀਸਦੀ ਵੈਕਸੀਨੇਸ਼ਨ ਬਣਾਈ ਜਾਵੇ ਯਕੀਨੀ - ਡਿਪਟੀ ਕਮਿਸ਼ਨਰ

ਫ਼ਤਹਿਗੜ੍ਹ ਸਾਹਿਬ, 3 ਜਨਵਰੀ (ਬਲਜਿੰਦਰ ਸਿੰਘ) - ਕੋਵਿਡ-19 ਤੋਂ ਬਚਾਅ ਲਈ ਵੈਕਸੀਨੇਸ਼ਨ ਵਿਚ ਹੋਰ ਤੇਜ਼ੀ ਲਿਆਂਦੀ ਜਾਵੇ ਤੇ ਜ਼ਿਲ੍ਹੇ ਵਿਚ 100 ਫ਼ੀਸਦੀ ਟੀਕਾਕਰਨ ਯਕੀਨੀ ਬਣਾਉਣ ਦੇ ਨਾਲ-ਨਾਲ 15 ਸਾਲ ਤੋਂ 18 ਸਾਲ ਦੀ ਉਮਰ ਵਾਲਿਆਂ ਦੀ ਵੀ 100 ਫ਼ੀਸਦੀ ਵੈਕਸੀਨੇਸ਼ਨ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਇਸ ਮਹਾਂਮਾਰੀ ਨੂੰ ਠੱਲ੍ਹ ਪਾਈ ਜਾ ਸਕੇ। ਇਹ ਨਿਰਦੇਸ਼ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਬੱਚਤ ਭਵਨ ਵਿਖੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਵਿਸ਼ੇਸ਼ ਮੀਟਿੰਗ ਦੌਰਾਨ ਦਿੱਤੇ। ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਵੈਕਸੀਨੇਸ਼ਨ ਵਿਚ ਤੇਜ਼ੀ ਲਿਆਉਣ ਦੇ ਮੰਤਵ ਨਾਲ ਵੱਧ ਤੋਂ ਵੱਧ ਕੈਂਪ ਲਗਾਏ ਜਾਣ ਅਤੇ ਇਨ੍ਹਾਂ ਕੈਂਪਾਂ ਸਬੰਧੀ ਵੱਖ-ਵੱਖ ਸੰਚਾਰ ਮਾਧਿਅਮ ਰਾਹੀਂ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੋ ਜ਼ਿਲ੍ਹੇ ਦਾ ਕੋਈ ਵੀ ਨਾਗਰਿਕ ਵੈਕਸੀਨੇਸ਼ਨ ਦੀਆਂ ਦੋ ਡੋਜ਼ਾਂ ਲਗਵਾਉਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਦੀ ਤੀਜੀ ਲਹਿਰ ਦਾ ਬੱਚਿਆਂ ਤੇ ਬਜ਼ੁਰਗਾਂ 'ਤੇ ਵੱਧ ਅਸਰ ਪੈਣ ਨੂੰ ਮੁੱਖ ਰੱਖਦੇ ਹੋਏ ਸਕੂਲਾਂ ਤੇ ਮੁਹੱਲਿਆਂ ਵਿਚ ਵੈਕਸੀਨੇਸ਼ਨ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਉਨ੍ਹਾਂ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦੇ ਹੋਏ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਆਪੋ ਆਪਣੇ ਹਲਕਿਆਂ ਵਿਚ ਪੈਣ ਵਾਲੇ ਪੋਲਿੰਗ ਬੂਥਾਂ ਨੂੰ ਪੂਰੀ ਤਰ੍ਹਾਂ ਸੈਨੀਟਾਈਜ਼ ਕੀਤਾ ਜਾਵੇ। ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੀਤਾ ਦਰਸ਼ੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਹਰਦਿਆਲ ਸਿੰਘ ਚੱਠਾ, ਸਿਵਲ ਸਰਜਨ ਡਾ. ਹਰਵਿੰਦਰ ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਗਦੀਸ਼ ਸਿੰਘ, ਜ਼ਿਲ੍ਹਾ ਐਪੀਡਮੋਲੋਜਿਸਟ ਡਾ. ਦੀਪਤੀ, ਸਕੂਲ ਹੈਲਥ ਮੈਡੀਕਲ ਅਫ਼ਸਰ ਡਾ. ਨਵਨੀਤ ਕੌਰ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਅਨੂ ਚੋਪੜਾ ਦੁਸਾਂਝ ਤੋਂ ਇਲਾਵਾ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫ਼ਸਰ ਹਾਜ਼ਰ ਸਨ।

## ਟਰੱਕ ਤੇ ਕਾਰ ਹਾਦਸੇ 'ਚ ਇਕ ਗੰਭੀਰ ਜ਼ਖ਼ਮੀ

ਬਸੀ ਪਠਾਣਾਂ, 3 ਜਨਵਰੀ (ਰਵਿੰਦਰ ਮੌਦਗਿਲ) - ਬੀਤੇ ਦਿਨ ਮੁੱਖ ਮਾਰਗ 'ਤੇ ਪਿੰਡ ਵਜੀਦਪੁਰ ਦੇ ਨਜ਼ਦੀਕ ਟਰੱਕ ਅਤੇ ਕਾਰ ਵਿਚਕਾਰ ਵਾਪਰੇ ਹਾਦਸੇ ਵਿਚ ਇਕ ਵਿਅਕਤੀ ਦੇ ਗੰਭੀਰ ਰੂਪ 'ਚ ਜ਼ਖ਼ਮੀ ਹੋਣ ਦੀ ਸੂਚਨਾ ਹੈ। ਹਾਦਸੇ ਦੀ ਪੁਸ਼ਟੀ ਕਰਦੇ ਹੋਏ ਸਹਾਇਕ ਥਾਣੇਦਾਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਬਸੀ ਪਠਾਣਾਂ ਪੁਲਿਸ ਨੇ ਇਸ ਮਾਮਲੇ ਵਿਚ ਮੌਕੇ ਤੋਂ ਫ਼ਰਾਰ ਹੋਏ ਨਾਮਾਲੂਮ ਟਰੱਕ ਚਾਲਕ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਗਨੂਰ ਸਿੰਘ ਵਾਸੀ ਜ਼ਿਲ੍ਹਾ ਗੁਰਦਾਸਪੁਰ ਨਵੇਂ ਸਾਲ ਦੀ ਆਮਦ ਤੇ ਆਪਣੇ ਦੋ ਸਾਥੀਆਂ ਨਾਲ ਕਾਰ ਵਿਚ ਅਨੰਦਪੁਰ ਸਾਹਿਬ ਤੋਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਮੱਥਾ ਟੇਕਣ ਜਾ ਰਹੇ ਸਨ, ਜਿਸ ਦੌਰਾਨ ਲਾਪਰਵਾਹ ਟਰੱਕ ਚਾਲਕ ਨੇ ਉਨ੍ਹਾਂ ਦੀ ਕਾਰ ਨੂੰ ਟੱਕਰ ਮਾਰ ਦਿੱਤੀ ਜਿਸ ਵਿਚ ਕਾਰ ਚਾਲਕ ਜਗਨੂਰ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ ਤੇ ਉਸ ਦੇ ਦੋ ਸਾਥੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਉਨ੍ਹਾਂ ਦੱਸਿਆ ਕਿ ਜਗਨੂਰ ਸਿੰਘ ਮੁਹਾਲੀ ਦੇ ਫੋਰਟਿਸ ਹਸਪਤਾਲ ਵਿਚ ਜੇਰੇ ਇਲਾਜ ਹੈ।



'ਹਰ ਘਰ ਦਸਤਕ' ਮੁਹਿੰਮ ਤਹਿਤ ਜਾਗਰੂਕਤਾ ਵੈਨ ਨੂੰ ਝੰਡੀ ਦੇ ਕੇ ਰਵਾਨਾ ਕਰਦੇ ਹੋਏ ਸਿਵਲ ਸਰਜਨ ਡਾ. ਹਰਵਿੰਦਰ ਸਿੰਘ। ਅਜੀਤ ਤਸਵੀਰ

## 15 ਤੋਂ 18 ਸਾਲ ਉਮਰ ਵਰਗ ਲਈ ਕੋਰੋਨਾ ਵੈਕਸੀਨੇਸ਼ਨ ਹੋਈ ਆਰੰਭ

### ਸਿਵਲ ਸਰਜਨ ਨੇ 'ਹਰ ਘਰ ਦਸਤਕ' ਮੁਹਿੰਮ ਤਹਿਤ ਜਾਗਰੂਕਤਾ ਵੈਨ ਕੀਤੀ ਰਵਾਨਾ

ਫ਼ਤਹਿਗੜ੍ਹ ਸਾਹਿਬ, 3 ਜਨਵਰੀ (ਮਨਪ੍ਰੀਤ ਸਿੰਘ) - ਕੋਰੋਨਾ ਮਹਾਂਮਾਰੀ ਦੀ ਤੀਜੀ ਲਹਿਰ ਦੇ ਸੰਭਾਵੀ ਖ਼ਤਰੇ ਨੂੰ ਦੇਖਦੇ ਹੋਏ ਸਿਹਤ ਵਿਭਾਗ ਵਲੋਂ ਕੋਰੋਨਾ ਵੈਕਸੀਨੇਸ਼ਨ ਅਤੇ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਜਾਰੀ ਹਨ। ਇਨ੍ਹਾਂ ਗਤੀਵਿਧੀਆਂ ਵਿਚ ਇਕ ਹੋਰ ਵਾਧਾ ਕਰਦੇ ਹੋਏ ਵਿਭਾਗ ਵਲੋਂ 15 ਤੋਂ 18 ਸਾਲ ਤੱਕ ਉਮਰ ਵਰਗ ਲਈ ਕੋਰੋਨਾ ਵਿਰੁੱਧ ਵੈਕਸੀਨੇਟ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਜਾ ਚੁੱਕੀ ਹੈ, ਜਦਕਿ ਪਹਿਲਾਂ ਸਿਰਫ਼ 18 ਸਾਲ ਜਾਂ ਇਸ ਤੋਂ ਉੱਪਰ ਦੇ ਵਿਅਕਤੀਆਂ ਦਾ ਹੀ ਟੀਕਾਕਰਨ ਕੀਤਾ ਜਾ ਰਿਹਾ ਸੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਿਵਲ ਸਰਜਨ ਡਾ. ਹਰਵਿੰਦਰ ਸਿੰਘ ਨੇ 'ਹਰ ਘਰ ਦਸਤਕ' ਮੁਹਿੰਮ ਤਹਿਤ ਜਾਗਰੂਕਤਾ ਵੈਨ ਨੂੰ ਝੰਡੀ ਦੇ ਕੇ ਰਵਾਨਾ ਕਰਦੇ ਹੋਏ ਕੀਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹਸਪਤਾਲ ਫ਼ਤਹਿਗੜ੍ਹ ਸਾਹਿਬ, ਸਬ ਡਵੀਜ਼ਨਲ ਹਸਪਤਾਲ ਮੰਡੀ ਗੋਬਿੰਦਗੜ੍ਹ, ਸੀ.ਐਚ.ਸੀ. ਖਮਾਣੋਂ, ਬਸੀ ਪਠਾਣਾਂ ਅਤੇ ਅਮਲੋਹ ਵਿਖੇ ਹੁਣ 15 ਤੋਂ 18 ਸਾਲ ਦੇ ਵਿਅਕਤੀਆਂ ਨੂੰ ਵੀ ਕੋਰੋਨਾ ਵਿਰੁੱਧ ਟੀਕਾਕਰਨ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ, ਜਦਕਿ ਜਲਦੀ ਹੀ ਜ਼ਿਲ੍ਹੇ ਦੇ ਪਿੰਡਾਂ, ਸ਼ਹਿਰਾਂ ਅਤੇ ਸਕੂਲਾਂ ਵਿਚ ਇਹ ਟੀਕਾਕਰਨ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਵੈਨ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਦਾ ਦੌਰਾ ਕਰਕੇ ਆਮ ਲੋਕਾਂ ਨੂੰ ਟੀਕਾਕਰਨ ਕਰਵਾਉਣ ਲਈ ਪ੍ਰੇਰਿਤ ਕਰੇਗੀ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਾਜੇਸ਼ ਕੁਮਾਰ ਨੇ ਦੱਸਿਆ ਕਿ 15 ਤੋਂ 18 ਸਾਲ ਵਰਗ ਦੇ ਟੀਕਾਕਰਨ ਲਈ ਵੱਖਰੇ ਟੀਕਾਕਰਨ ਕੇਂਦਰ ਬਣਾਏ ਜਾ ਰਹੇ ਹਨ। ਇਸ ਮੌਕੇ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਗਦੀਸ਼ ਸਿੰਘ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਅਨੂ ਚੋਪੜਾ, ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਦੀਪ ਸਿੰਘ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਅਮਰਜੀਤ ਸਿੰਘ ਸੋਹੀ, ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਬਲਜਿੰਦਰ ਸਿੰਘ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਡਾ. ਕਸ਼ੀਤਿਜ ਸੀਮਾ, ਸਟੈਨੋ ਬਲਜੀਤ ਕੌਰ, ਜੋਤੀ ਗੁਲੀਆ ਆਦਿ ਹਾਜ਼ਰ ਸਨ।



ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂ ਗੁਰਦੁਆਰਾ ਗੋਬਿੰਦਗੜ੍ਹ ਸਾਹਿਬ ਰਾਣਵਾਂ ਵਿਖੇ ਬੈਠਕ ਉਪਰੰਤ ਜਾਣਕਾਰੀ ਦੌਰਾਨ। ਤਸਵੀਰ: ਜੋਗਿੰਦਰ ਪਾਲ

## ਅੰਦੋਲਨ ਜਿੱਤ ਦੀ ਖ਼ੁਸ਼ੀ 'ਚ ਧਾਰਮਿਕ ਸਮਾਗਮ 16 ਨੂੰ

ਖਮਾਣੋਂ, 3 ਜਨਵਰੀ (ਜੋਗਿੰਦਰ ਪਾਲ)-ਬਲਾਕ ਦੀਆਂ ਸਮੂਹ ਕਿਸਾਨ ਜਥੇਬੰਦੀਆਂ ਵਲੋਂ ਗੁਰਦੁਆਰਾ ਗੋਬਿੰਦਗੜ੍ਹ ਸਾਹਿਬ ਰਾਣਵਾਂ ਵਿਖੇ ਬੈਠਕ ਕੀਤੀ ਗਈ। ਜਿਸ ਦੌਰਾਨ ਕੇਂਦਰ ਦੇ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਖ਼ਿਲਾਫ਼ ਹਾਸਲ ਹੋਈ ਜਿੱਤ ਦੇ ਸ਼ੁਕਰਾਨੇ ਵਜੋਂ 16 ਜਨਵਰੀ ਨੂੰ ਅਖੰਡ ਪਾਠ ਸਾਹਿਬ ਦਾ ਭੋਗ ਪਾਏ ਜਾਣਗੇ। ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ ਅੰਦੋਲਨ ਵਿਚ ਕਿਸਾਨਾਂ ਤੋਂ ਇਲਾਵਾ ਦੁਕਾਨਦਾਰਾਂ, ਮਜ਼ਦੂਰਾਂ, ਆੜ੍ਹਤੀਆ, ਟਰਾਂਸਪੋਰਟਰਾਂ ਤੋਂ ਇਲਾਵਾ ਹਰ ਵਰਗ ਦੇ ਸਹਿਯੋਗ ਰਿਹਾ ਹੈ। ਉਨ੍ਹਾਂ ਇਲਾਕੇ ਪਿੰਡਾਂ ਦੇ ਲੋਕਾਂ ਨੂੰ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਦੀ ਬੇਨਤੀ ਕੀਤੀ। ਉਨ੍ਹਾਂ ਕਿਹਾ ਕੇ ਕੇਂਦਰ ਸਰਕਾਰ ਖ਼ਿਲਾਫ਼ ਚੱਲੇ ਇਸ ਅੰਦੋਲਨ ਵਿਚ ਸਾਰੇ ਲੋਕਾਂ ਨੇ ਭਰਵਾਂ ਸਹਿਯੋਗ ਦਿੱਤਾ ਅਤੇ ਇਸ ਸਹਿਯੋਗ ਸਦਕਾ ਹੀ ਕਿਸਾਨਾਂ ਨੇ ਫ਼ਤਹਿ ਹਾਸਲ ਕੀਤੀ। ਇਸ ਮੌਕੇ ਸਰਬਜੀਤ ਸਿੰਘ ਅਮਰਾਲਾ, ਕਰਨੈਲ ਸਿੰਘ ਜਟਾਣਾ, ਬਾਬਾ ਰਣਜੀਤ ਸਿੰਘ ਬਾਠਾਂ, ਬਹਾਦਰ ਸਿੰਘ ਰਾਣਵਾਂ, ਦਰਸ਼ਨ ਸਿੰਘ ਰਾਣਵਾਂ, ਜਗਤਾਰ ਸਿੰਘ ਮਹੇਸ਼ਪੁਰਾ, ਮੋਹਨ ਸਿੰਘ ਭੁੱਟਾ, ਕਿਰਪਾਲ ਸਿੰਘ ਬਦੇਸ਼ਾ, ਮੇਜਰ ਸਿੰਘ ਬਰਵਾਲੀ, ਬਚਿੱਤਰ ਸਿੰਘ ਰਾਣਵਾਂ, ਤਰਲੋਚਨ ਸਿੰਘ ਰਾਣਵਾਂ, ਗੁਰਨਾਮ ਸਿੰਘ ਖੰਟ, ਹਰਜਿੰਦਰ ਸਿੰਘ ਹੈਪੀ, ਸੁਖਰਾਜ ਸਿੰਘ, ਗੋਲਡੀ ਸੋਮਲ ਖਮਾਣੋਂ, ਸੁਖਦੇਵ ਸਿੰਘ ਖੰਟ, ਸੁਖਚਰਨ ਸਿੰਘ, ਨਵਜਿੰਦਰ ਸਿੰਘ ਮਨੈਲਾ, ਕੁਲਵਿੰਦਰ ਸਿੰਘ ਜਟਾਣਾ, ਜੋਗਿੰਦਰ ਸਿੰਘ ਰਾਣਵਾਂ, ਪਰਮਜੀਤ ਸਿੰਘ ਖਮਾਣੋਂ, ਸੰਦੀਪ ਸਿੰਘ, ਨਾਹਰ ਸਿੰਘ ਰਾਣਵਾਂ ਆਦਿ ਹਾਜ਼ਰ ਸਨ।



ਕੈਬਨਿਟ ਮੰਤਰੀ ਰਣਦੀਪ ਸਿੰਘ ਪਿੰਡ ਭੱਟੋਂ ਵਿਖੇ ਨੇਪਰੇ ਚੜ੍ਹੇ ਵਿਕਾਸ ਕੰਮ ਲੋਕ ਅਰਪਣ ਕਰਨ ਸਮੇਂ ਨਾਲ ਮੀਤ ਪ੍ਰਧਾਨ ਬਲਜਿੰਦਰ ਸਿੰਘ ਭੱਟੋਂ ਅਤੇ ਪਿੰਡ ਵਾਸੀ। ਤਸਵੀਰ: ਕੇਵਲ ਸਿੰਘ

## ਕੈਬਨਿਟ ਮੰਤਰੀ ਰਣਦੀਪ ਸਿੰਘ ਨੇ ਭੱਟੋਂ ਵਿਖੇ ਨੇਪਰੇ ਚੜ੍ਹੇ ਵਿਕਾਸ ਕੰਮ ਕੀਤੇ ਲੋਕ ਅਰਪਣ

ਅਮਲੋਹ, 3 ਜਨਵਰੀ (ਕੇਵਲ ਸਿੰਘ)-ਹਲਕਾ ਅਮਲੋਹ ਦੇ ਪਿੰਡ ਭੱਟੋਂ ਵਿਖੇ ਕੈਬਨਿਟ ਮੰਤਰੀ ਰਣਦੀਪ ਸਿੰਘ ਵਲੋਂ ਨੇਪਰੇ ਚੜ੍ਹੇ ਵਿਕਾਸ ਦੇ ਕੰਮ ਲੋਕ ਅਰਪਣ ਕੀਤੇ ਗਏ ਅਤੇ ਪੰਚਾਇਤਾਂ ਨੂੰ ਗ੍ਰਾਂਟਾਂ ਦੇ ਚੈੱਕ ਤੇ ਅਤੇ ਖੇਡ ਕਿੱਟਾਂ ਤਕਸੀਮ ਕੀਤੀਆਂ ਗਈਆਂ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਮੇਰਾ ਮਕਸਦ ਵਿਕਾਸ ਕਰਵਾਉਣਾ ਹੈ ਜਿਸ ਲਈ ਮੇਰੇ ਵਲੋਂ ਯਤਨ ਜਾਰੀ ਹਨ ਅਤੇ ਪੰਚਾਇਤਾਂ ਨੂੰ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਬਲਜਿੰਦਰ ਸਿੰਘ ਭੱਟੋਂ ਵਲੋਂ ਪਿੰਡ ਦੇ ਕੰਮਾਂ ਬਾਰੇ ਜਾਣੂ ਕਰਵਾਇਆ ਗਿਆ ਉੱਥੇ ਹੀ ਪਿੰਡ ਦੀਆਂ ਸਮੱਸਿਆਵਾਂ ਬਾਰੇ ਦੱਸਿਆ, ਜਿਨ੍ਹਾਂ ਨੂੰ ਮੰਤਰੀ ਵਲੋਂ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਪੰਚਾਇਤ ਅਤੇ ਪਿੰਡ ਵਾਸੀਆਂ ਵਲੋਂ ਕੈਬਨਿਟ ਮੰਤਰੀ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਬਲਾਕ ਕਾਂਗਰਸ ਦੇ ਪ੍ਰਧਾਨ ਜਗਵੀਰ ਸਿੰਘ ਸਲਾਣਾ, ਕਰਨੈਲ ਸਿੰਘ ਇੰਸਪੈਕਟਰ, ਰਣਜੀਤ ਸਿੰਘ ਸਰਪੰਚ, ਗੁਰਮੇਲ ਸਿੰਘ ਰੰਧਾਵਾ, ਕਰਮਜੀਤ ਸਿੰਘ ਪੰਚ, ਰੁਲਦ ਖਾਨ ਪੰਚ, ਹੈਪੀ ਸੂਦ, ਭਾਗ ਸਿੰਘ, ਸੁਰਜੀਤ ਸਿੰਘ, ਹਰਨੈਬ ਸਿੰਘ, ਮਨਿੰਦਰ ਸਿੰਘ ਭੱਟੋਂ ਆਦਿ ਮੌਜੂਦ ਸਨ।

## ਆਖ਼ਰੀ ਸਾਹਾਂ 'ਤੇ ਚੱਲ ਰਹੀ ਕਾਂਗਰਸ ਸਰਕਾਰ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰੇ - ਮਾਧੋਪੁਰ



ਹਰਵੇਲ ਸਿੰਘ ਮਾਧੋਪੁਰ

ਬਸੀ ਪਠਾਣਾਂ, 3 ਜਨਵਰੀ (ਰਵਿੰਦਰ ਮੌਦਗਿਲ) - ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ, ਘੱਟ ਗਿਣਤੀ ਤੇ ਦਲਿਤ ਦਲ ਦੇ ਸੂਬਾ ਪ੍ਰਧਾਨ ਨੇ ਕਿਹਾ ਕਿ ਆਖ਼ਰੀ ਸਾਹਾਂ 'ਤੇ ਚੱਲ ਰਹੀ ਕਾਂਗਰਸ ਸਰਕਾਰ ਨੂੰ ਲੋਕਾਂ ਨੂੰ ਗੁੰਮਰਾਹ ਨਹੀਂ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਪਣੇ ਆਖ਼ਰੀ ਸਮੇਂ ਵਿਚ ਹਰ ਇਨਸਾਨ ਸੱਚ ਬੋਲਦਾ ਹੈ, ਇਸ ਲਈ ਮੌਜੂਦਾ ਸੂਬਾ ਸਰਕਾਰ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਕਾਂਗਰਸ ਪਾਰਟੀ ਦੇ ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੂੰ ਝੂਠ ਦਾ ਸਹਾਰਾ ਨਾਂ ਲੈ ਕੇ ਆਪਣੀ ਸਰਕਾਰ ਦੀਆਂ ਨਾਕਾਮੀਆਂ ਸਵੀਕਾਰ ਕਰਦੇ ਹੋਏ 2022 ਵਿਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਵਿਚ ਜਨਤਾ ਅੱਗੇ ਵੋਟ ਮੰਗਣ ਲਈ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹਰ ਵਰਗ ਕਾਂਗਰਸ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਲੈ ਕੇ ਅੱਜ ਸੜਕਾਂ 'ਤੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹੈ ਅਤੇ ਵਿਕਲਪ ਦੇ ਤੌਰ ਤੇ ਸ਼੍ਰੋਮਣੀ ਅਕਾਲੀ ਦਲ ਸੰਯੁਕਤ, ਭਾਜਪਾ ਤੇ ਪੰਜਾਬ ਲੋਕ ਕਾਂਗਰਸ ਗੱਠਜੋੜ ਵੱਲ ਤੱਕ ਰਿਹਾ ਹੈ, ਤਾਂ ਜੋ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਇਕ ਇਮਾਨਦਾਰ, ਚੰਗੀ ਦਮਦਾਰ ਤੇ ਵਾਅਦੇ ਪੂਰੇ ਕਰਨ ਵਾਲੀ ਸਰਕਾਰ ਨੂੰ ਪੰਜਾਬ ਦੀ ਸੱਤਾ ਸੌਂਪੀ ਜਾ ਸਕੇ। ਸ. ਮਾਧੋਪੁਰ ਨੇ ਕਿਹਾ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਗੱਠਜੋੜ ਦੀ ਸਰਕਾਰ ਬਣਨ ਤੇ ਹਰ ਵਿਅਕਤੀ ਨੂੰ ਧਿਆਨ ਵਿਚ ਰੱਖ ਕੇ ਸਕੀਮਾਂ ਚਲਾਈਆਂ ਜਾਣਗੀਆਂ ਅਤੇ ਜਨਤਾ ਨੂੰ ਉਨ੍ਹਾਂ ਦਾ ਪੂਰਾ ਲਾਭ ਮਿਲ ਸਕੇ, ਇਹ ਗੱਲ ਯਕੀਨੀ ਬਣਾਈ ਜਾਵੇਗੀ।

## ਪਤਨੀ ਨਾਲ ਕੁੱਟਮਾਰ ਕਰਨ ਦੇ ਕਥਿਤ ਦੋਸ਼ ਹੇਠ ਪਤੀ-ਸੱਸ ਨਾਮਜ਼ਦ

ਖਮਾਣੋਂ, 3 ਜਨਵਰੀ (ਮਨਮੋਹਨ ਸਿੰਘ ਕਲੇਰ) - ਇਕ ਵਿਆਹੁਤਾ ਔਰਤ ਵਲੋਂ ਖੇੜੀ ਨੌਧ ਸਿੰਘ ਦੀ ਪੁਲਿਸ ਕੋਲ ਦਿੱਤੇ ਬਿਆਨਾਂ 'ਤੇ ਪੁਲਿਸ ਵਲੋਂ ਉਸ ਦੇ ਪਤੀ ਤੇ ਸੱਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਸਬ-ਇੰਸਪੈਕਟਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਦਲਵੀਰ ਕੌਰ ਪੁੱਤਰੀ ਕਮਲਜੀਤ ਸਿੰਘ ਵਾਸੀ ਪਿੰਡ ਅਜਨੇਰ ਨੇ ਪੁਲਿਸ ਕੋਲ ਲਿਖਾਏ ਆਪਣੇ ਬਿਆਨਾਂ 'ਚ ਦੱਸਿਆ ਕਿ ਉਹ ਪਿੰਡ ਚੱਕ ਮਾਫੀ ਥਾਣਾ ਸਮਰਾਲਾ ਵਿਖੇ ਵਿਆਹੀ ਹੋਈ ਹੈ ਤੇ ਉਸ ਦਾ ਪਤੀ ਅਤੇ ਸੱਸ ਉਸ ਦੀ ਕਥਿਤ ਕੁੱਟਮਾਰ ਕਰ ਰਹੇ ਹਨ ਜਿਸ ਤੋਂ ਬਾਅਦ ਦਲਵੀਰ ਕੌਰ ਫ਼ਤਹਿਗੜ੍ਹ ਸਾਹਿਬ ਦੇ ਸਰਕਾਰੀ ਹਸਪਤਾਲ 'ਚ ਕੁੱਟਮਾਰ ਦੇ ਚੱਲਦਿਆਂ ਦਾਖਲ ਹੋਈ ਜਿੱਥੇ ਪੁਲਿਸ ਨੇ ਦਲਬੀਰ ਕੌਰ ਦੇ ਬਿਆਨ ਦਰਜ ਕੀਤੇ ਹਨ। ਦਲਬੀਰ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਮਨਪ੍ਰੀਤ ਸਿੰਘ ਅਤੇ ਉਸ ਦੀ ਮਾਤਾ ਜਸਵਿੰਦਰ ਕੌਰ ਵਾਸੀ ਚੱਕ ਮਾਫ਼ੀ ਥਾਣਾ ਸਮਰਾਲਾ ਦੇ ਖ਼ਿਲਾਫ਼ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।







ਪਿੰਡ ਮਹਿਮੂਦਪੁਰ ਵਿਖੇ ਹਲਕਾ ਉਮੀਦਵਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦਾ ਅਤੇ ਲੀਡਰਸ਼ਿਪ ਦਾ ਸਨਮਾਨ ਕਰਨ ਸਮੇਂ ਬਲਤੇਜ ਸਿੰਘ ਮਹਿਮੂਦਪੁਰ ਅਤੇ ਪਿੰਡ ਵਾਸੀ। ਤਸਵੀਰ: ਕੇਵਲ ਸਿੰਘ

## ਕਾਂਗਰਸ ਦੀ ਤਰ੍ਹਾਂ ਹੁਣ ਫਾਰਮ ਭਰ ਕੇ 'ਆਪ' ਪਾਰਟੀ ਵੀ ਲੋਕਾਂ ਨੂੰ ਗੁੰਮਰਾਹ ਕਰਨ ਲੱਗੀ - ਰਾਜੂ ਖੰਨਾ

ਅਮਲੋਹ, 3 ਜਨਵਰੀ (ਕੇਵਲ ਸਿੰਘ) - ਪਿਛਲੀਆਂ ਚੋਣਾਂ ਸਮੇਂ ਜਿੱਥੇ ਕਾਂਗਰਸ ਪਾਰਟੀ ਨੇ ਝੂਠੀਆਂ ਸਹੁੰਆਂ ਖਾ ਕੇ ਲੋਕਾਂ ਨੂੰ ਧੋਖੇ ਵਿਚ ਰੱਖ ਕੇ ਘਰ-ਘਰ ਨੌਕਰੀ, ਕਰਜਾ ਮੁਆਫ਼ੀ, ਬੇਰੁਜ਼ਗਾਰੀ ਭੱਤਾ, ਸਮਾਰਟ ਫ਼ੋਨ ਦੇ ਫਾਰਮ ਭਰ ਕੇ ਦਿਨ ਦਿਹਾੜੇ ਠੱਗੀ ਮਾਰੀ, ਉਸੇ ਰਸਤੇ 'ਤੇ ਚਲਦੇ ਹੋਏ ਅੱਜ ਚੋਣਾਂ 'ਚ ਲਾਹਾ ਲੈਣ ਲਈ ਆਮ ਆਦਮੀ ਪਾਰਟੀ ਵਲੋਂ ਵੀ ਫਾਰਮ ਭਰ ਕੇ ਆਮ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ-ਬਸਪਾ ਗੱਠਜੋੜ ਦੇ ਹਲਕਾ ਅਮਲੋਹ ਤੋਂ ਉਮੀਦਵਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ 7 ਜਨਵਰੀ ਨੂੰ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਦੀ ਅਮਲੋਹ ਆਮਦ ਨੂੰ ਲੈ ਕੇ ਪਿੰਡ ਮਹਿਮੂਦਪੁਰ, ਮਾਜਰੀ ਅਰਾਈਆਂ ਤੇ ਸੌਂਟੀ ਵਿਖੇ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਕਾਂਗਰਸ ਤੇ 'ਆਪ' ਪਾਰਟੀ ਦੀਆਂ ਚਾਲਾਂ ਵਿਚ ਨਹੀ ਆਉਣਗੇ, ਕਿਉਂਕਿ ਜਿਹੜੀਆਂ ਪਾਰਟੀਆਂ ਪਿਛਲੇ ਪੰਜ ਸਾਲਾਂ ਵਿਚ ਕੁਝ ਨਹੀਂ ਦੇ ਸਕੀਆਂ ਉਨ੍ਹਾਂ ਤੋਂ ਹੋਰ ਕੀ ਆਸ ਰੱਖੀ ਜਾ ਸਕਦੀ ਹੈ। ਇਨ੍ਹਾਂ ਮੀਟਿੰਗਾਂ ਵਿਚ ਸੀਨੀਅਰ ਆਗੂ ਬਲਤੇਜ ਸਿੰਘ ਮਹਿਮੂਦਪੁਰ, ਜਥੇ. ਕਰਮਜੀਤ ਸਿੰਘ ਭਗੜਾਣਾ, ਲੋਕ ਸਭਾ ਇੰਚਾਰਜ ਬਸਪਾ ਧਰਮਪਾਲ ਸਿੰਘ ਸੌਂਟੀ, ਕੁਲਦੀਪ ਸਿੰਘ ਮੁੱਢੜੀਆਂ, ਹਰਿੰਦਰ ਸਿੰਘ ਦੀਵਾ, ਹਲਕਾ ਪ੍ਰਧਾਨ ਡਾ. ਅਰਜੁਨ ਸਿੰਘ, ਬਸਪਾ ਆਗੂ ਗੁਰਚਰਨ ਸਿੰਘ ਖਨਿਆਣ, ਗੱਜਣ ਸਿੰਘ ਮਹਿਮੂਦਪੁਰ, ਮਾਸਟਰ ਚਰਨ ਸਿੰਘ ਸੌਂਟੀ, ਦਸਵਿੰਦਰ ਸਿੰਘ ਰੋਡਾ, ਬਸਪਾ ਆਗੂ ਹਰਚੰਦ ਸਿੰਘ ਨਸਰਾਲੀ, ਯੂਥ ਆਗੂ ਰੁਪਿੰਦਰ ਸਿੰਘ ਕੁੰਜਾਰੀ, ਸੁਖਚੈਨ ਸਿੰਘ ਦੀਵਾ, ਤਰਸੇਮ ਸਿੰਘ, ਸੇਵਾ ਸਿੰਘ, ਹੰਸਰਾਜ ਅਮਲੋਹ, ਜਰਨੈਲ ਸਿੰਘ, ਨਰਿੰਦਰ ਸਿੰਘ ਗੋਰਾ, ਕਰਮਜੀਤ ਸਿੰਘ ਮਹਿਮੂਦਪੁਰ ਆਦਿ ਵੱਡੀ ਗਿਣਤੀ ਵਿਚ ਅਕਾਲੀ ਬਸਪਾ ਵਰਕਰ ਤੇ ਆਗੂ ਹਾਜ਼ਰ ਸਨ।

### ਨਾਜਾਇਜ਼ ਸ਼ਰਾਬ ਬਰਾਮਦ

ਖਮਾਣੋਂ, 3 ਜਨਵਰੀ (ਮਨਮੋਹਨ ਸਿੰਘ ਕਲੇਰ) - ਥਾਣਾ ਨੌਧ ਸਿੰਘ ਦੀ ਪੁਲਿਸ ਨੇ ਇਕ ਵਿਅਕਤੀ ਕੋਲੋਂ 12 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕਰਨ ਦਾ ਦਾਅਵਾ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਬ-ਇੰਸਪੈਕਟਰ ਨਰੇਸ਼ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਿਸ ਪਾਰਟੀ ਪਿੱਪਲੀ ਚੌਂਕ ਖੇੜੀ ਨੌਧ ਸਿੰਘ ਵਿਖੇ ਨਾਕੇ ਤੇ ਮੌਜੂਦ ਸਨ ਜਿੱਥੇ ਮੁਖ਼ਬਰ ਨੇ ਆ ਕੇ ਉਨ੍ਹਾਂ ਨੂੰ ਇਤਲਾਹ ਦਿੱਤੀ ਕਿ ਪਿੰਡ ਹਰਗਣਾਂ ਵਿਖੇ ਇਕ ਵਿਅਕਤੀ ਸ਼ਰਾਬ ਵੇਚਣ ਦਾ ਧੰਦਾ ਕਰਦਾ ਹੈ, ਜੇਕਰ ਹੁਣੇ ਜਾ ਕੇ ਰੇਡ ਕੀਤੀ ਜਾਵੇ ਤਾਂ ਉਸ ਕੋਲੋਂ ਸ਼ਰਾਬ ਬਰਾਮਦ ਹੋ ਸਕਦੀ ਹੈ। ਜਿਸ ਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਉਕਤ ਵਿਅਕਤੀ ਕੋਲੋਂ 12 ਬੋਤਲਾਂ ਪੰਜਾਬ ਮਲਸਾ ਨੰ:-1 ਬਰਾਮਦ ਕੀਤੀਆਂ। ਜਿਸ ਦੇ ਖ਼ਿਲਾਫ਼ ਐਕਸਾਈਜ਼ ਐਕਟ 61-1-14 ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।







ਮੀਟਿੰਗ ਉਪਰੰਤ ਪੱਤਰਕਾਰਾਂ ਨੂੰ ਨਗਰ ਕੀਰਤਨ ਸੰਬੰਧੀ ਜਾਣਕਾਰੀ ਦਿੰਦੇ ਹੋਏ ਕੰਟਰੋਲ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਤੇ ਹੋਰ। ਅਜੀਤ ਤਸਵੀਰ

## ਬਰਵਾਲੀ ਕਲਾਂ ਵਿਖੇ ਪਹਿਲਾ ਖ਼ੂਨਦਾਨ ਕੈਂਪ 5 ਨੂੰ

ਭੜੀ, 3 ਜਨਵਰੀ (ਭਰਪੂਰ ਸਿੰਘ ਹਵਾਰਾ)-ਪਿੰਡ ਬਰਵਾਲੀ ਕਲਾਂ ਦੇ ਬਾਬਾ ਫ਼ਤਹਿ ਸਿੰਘ ਜੀ ਵੈੱਲਫੇਅਰ ਐਂਡ ਸਪੋਰਟਸ ਕਲੱਬ ਅਤੇ ਨਗਰ ਨਿਵਾਸੀਆਂ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਹਿਲਾ ਖ਼ੂਨਦਾਨ ਕੈਂਪ 5 ਜਨਵਰੀ ਨੂੰ ਲਗਵਾਇਆ ਜਾ ਰਿਹਾ ਹੈ। ਇਹ ਕੈਂਪ ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ ਗੁਰਦੁਆਰਾ ਸਾਹਿਬ ਦੇ ਸਾਹਮਣੇ ਧਰਮਸ਼ਾਲਾ ਵਿਚ ਲਗਾਇਆ ਜਾ ਰਿਹਾ ਹੈ। ਕਲੱਬ ਦੇ ਮੈਂਬਰਾਂ ਵਲੋਂ ਸਾਰੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਇਸ ਕੈਂਪ ਵਿਚ ਪੁੱਜ ਕੇ ਖ਼ੂਨਦਾਨ ਕਰਨ ਤਾਂ ਜੋ ਕੀਮਤੀ ਜਾਨਾਂ ਬਚਾਈਆਂ ਜਾ ਸਕਣ।

## ਮੁਹੱਲਾ ਸੰਗਤਪੁਰਾ ਤੋਂ 9 ਨੂੰ ਸਜਾਇਆ ਜਾਵੇਗਾ ਅਲੌਕਿਕ ਨਗਰ ਕੀਰਤਨ

ਮੰਡੀ ਗੋਬਿੰਦਗੜ੍ਹ, 3 ਜਨਵਰੀ (ਬਲਜਿੰਦਰ ਸਿੰਘ) - ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਥਾਨਕ ਮੁਹੱਲਾ ਸੰਗਤਪੁਰਾ ਸਥਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਤੋਂ 9 ਜਨਵਰੀ ਨੂੰ ਅਲੌਕਿਕ ਨਗਰ ਕੀਰਤਨ ਸਜਾਇਆ ਜਾਵੇਗਾ। ਇਹ ਜਾਣਕਾਰੀ ਦਿੰਦਿਆਂ ਨਗਰ ਕੀਰਤਨ ਕੰਟਰੋਲ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ 'ਚੋਂ ਹਰ ਵਰ੍ਹੇ 3 ਜਨਵਰੀ ਨੂੰ ਨਗਰ ਕੀਰਤਨ ਸਜਾਇਆ ਜਾਂਦਾ ਸੀ, ਪ੍ਰੰਤੂ ਇਸ ਵਾਰ ਪ੍ਰਕਾਸ਼ ਪੁਰਬ ਨੂੰ ਸਮਰਪਿਤ 9 ਜਨਵਰੀ ਨੂੰ ਨਗਰ ਕੀਰਤਨ ਸਜਾਉਣ ਦਾ ਫ਼ੈਸਲਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਗੁਰਦੁਆਰਾ ਸਾਹਿਬ ਵਿਚ ਨਗਰ ਕੀਰਤਨ ਕੰਟਰੋਲ ਕਮੇਟੀ ਦੀ ਮੀਟਿੰਗ ਵੀ ਹੋਈ ਜਿਸ ਵਿਚ ਨਗਰ ਕੀਰਤਨ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ ਜਿਸ ਵਿਚ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਗਿਆਨ ਸਿੰਘ, ਖ਼ਜ਼ਾਨਚੀ ਪਰਮਿੰਦਰ ਸਿੰਘ, ਨਸੀਬ ਸਿੰਘ, ਗੁਰਬਖ਼ਸ਼ ਸਿੰਘ ਸੈਕਟਰੀ, ਚਰਨਜੀਤ ਸਿੰਘ, ਰਣਧੀਰ ਸਿੰਘ ਹੈਪੀ ਮਿਊਂਸੀਪਲ ਕੌਂਸਲਰ, ਜਸਵਿੰਦਰ ਸਿੰਘ ਛੋਟਾ, ਰਣਧੀਰ ਸਿੰਘ ਪੱਪੀ, ਰੌਸ਼ਨ ਸਿੰਘ, ਰਣਧੀਰ ਸਿੰਘ ਧੀਰਾ, ਪ੍ਰਭਦਿਆਲ ਸਿੰਘ, ਗੁਰਮੁਖ ਸਿੰਘ, ਹੈੱਡ ਗ੍ਰੰਥੀ ਹਰਦਿੱਤ ਸਿੰਘ, ਬਲਜੀਤ ਸਿੰਘ, ਕੁਲਦੀਪ ਸਿੰਘ, ਗਗਨਦੀਪ ਸਿੰਘ, ਜਸਬੀਰ ਕੌਰ ਉਪ ਪ੍ਰਧਾਨ, ਬਲਵਿੰਦਰ ਕੌਰ, ਗੁਰਜੀਤ ਕੌਰ, ਸੁਰਿੰਦਰ ਕੌਰ, ਜਸਵਿੰਦਰ ਕੌਰ, ਜਸਬੀਰ ਕੌਰ, ਕਾਂਤਾ ਰਾਣੀ, ਰਵਿੰਦਰ ਕੌਰ ਵੀ ਸ਼ਾਮਿਲ ਸਨ।